# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 18-08-2024**

- ਭਾਰਤੀ ਮੈਡੀਕਲ ਐਸੋਸੀਏਸ਼ਨ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੋਂ, ਸਿਹਤ ਕਰਮਚਾਰੀਆਂ ਦੀ ਸੁਰੱਖਿਆ ਲਈ, ਕੇਂਦਰੀ ਕਾਨੂੰਨ ਲਿਆਉਣ ਦੀ ਮੰਗ ਕੀਤੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਓਲੰਪਿਕ ਖੇਡਣ ਵਾਲੇ ਪੰਜਾਬੀ ਖਿਡਾਰੀਆਂ ਦਾ ਨਕਦ ਇਨਾਮਾਂ ਨਾਲ ਸਨਮਾਨ ਕੀਤਾ -ਨਸ਼ਿਆਂ ਖਿਲਾਫ ਜੰਗ ਵਿੱਚ ਖਿਡਾਰੀਆਂ ਨੂੰ ਬ੍ਰਾਂਡ ਅੰਬੈਸਡਰ ਬਣਾਉਣ ਦਾ ਐਲਾਨ।
- ਪੰਜਾਬ ਵਿੱਚ ਬਾਸਮਤੀ ਦੀ ਕਾਸ਼ਤ ਅਧੀਨ ਰਕਬੇ ਵਿੱਚ, 12.58 ਫ਼ੀਸਦੀ ਵਾਧਾ - ਅੰਮ੍ਰਿਤਸਰ ਜ਼ਿਲ੍ਹਾ ਇਕ ਲੱਖ 46 ਹਾਜ਼ਰ ਹੈਕਟੇਅਰ ਰਕਬੇ ਨਾਲ, ਸੂਬੇ ਵਿੱਚ ਮੋਹਰੀ।
- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਹਿੰਦੀ ਵਿਭਾਗ ਨੇ, ਕੌਮਾਂਤਰੀ ਸੈਮੀਨਾਰ ਅਤੇ ਸਨਮਾਨ ਸਮਾਗਮ ਦਾ ਆਯੋਜਨ ਕੀਤਾ।

-----------------------------------------------------------

ਭਾਰਤੀ ਮੈਡੀਕਲ ਐਸੋਸੀਏਸ਼ਨ IMA ਨੇ ਕੋਲਕਤਾ ਦੇ ਆਰ. ਜੀ. ਕਰ ਮੈਡੀਕਲ ਕਾਲਜ ਮਾਮਲੇ 'ਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੋਂ, ਸਿਹਤ ਕਰਮਚਾਰੀਆਂ ਦੀ ਸੁਰੱਖਿਆ ਲਈ, ਕੇਂਦਰੀ ਕਾਨੂੰਨ ਲਿਆਉਣ ਦੀ ਮੰਗ ਕੀਤੀ ਏ । ਭਾਰਤੀ ਮੈਡੀਕਲ ਐਸੋਸੀਏਸ਼ਨ ਨੇ ਕਿਹਾ ਕਿ ਹਸਪਤਾਲਾਂ ਦੇ ਸੁਰੱਖਿਆ ਪ੍ਰਬੰਧ ਹਵਾਈ ਅੱਡਿਆਂ ਵਾਂਗ ਸਖ਼ਤ ਹੋਣੇ ਚਾਹੀਦੇ ਨੇ । ਪ੍ਰਧਾਨ ਮੰਤਰੀ ਨੂੰ ਲਿਖੇ ਪੱਤਰ ਵਿੱਚ ਆਈ.ਐਮ.ਏ ਨੇ ਕਿਹਾ ਏ ਕਿ ਹਸਪਤਾਲ ਵਿੱਚ ਜਬਰ ਜਨਾਹ ਦੇ ਮਾਮਲੇ ਦੀ ਜਾਂਚ ਨਿਰਧਾਰਤ ਸਮਾਂ ਹੱਦ ਵਿੱਚ ਪੂਰੀ ਹੋਣੀ ਚਾਹੀਦੀ ਏ ਅਤੇ ਪੀੜਤ ਨੂੰ ਜਲਦੀ ਨਿਆਂ ਮਿਲਣਾ ਚਾਹੀਦਾ ਏ । ਓਧਰ ਕੇਂਦਰੀ ਜਾਂਚ ਬਿਊਰੋ, ਜਬਰ ਜਨਾਹ ਅਤੇ ਕ਼ਤਲ ਦੇ ਮਾਮਲਿਆਂ ਵਿੱਚ, ਨਵੀਂ ਦਿੱਲੀ ਵਿੱਚ ਕੋਲਕਾਤਾ ਦੇ ਆਰ.ਜੀ ਕਰ ਮੈਡੀਕਲ ਕਾਲਜ ਦੇ ਸਾਬਕਾ ਪ੍ਰਿੰਸੀਪਲ ਤੋਂ ਪੁੱਛ-ਗਿੱਛ ਕਰ ਰਹੀ ਏ । ਬਿਊਰੋ ਨੇ ਸਾਬਕਾ ਪ੍ਰਿੰਸੀਪਲ ਨੂੰ ਸੀ.ਜੀ.ਓ ਕੰਪਲੈਕਸ ਵਿਖੇ ਪੁੱਛਗਿੱਛ ਲਈ ਬੁਲਾਇਆ ਸੀ ਅਤੇ ਕੱਲ੍ਹ ਉਸ ਤੋਂ ਵੀ ਪੁੱਛਗਿੱਛ ਕੀਤੀ ਗਈ ਸੀ । ਇਸੇ ਦੌਰਾਨ ਕੇਂਦਰ ਸਰਕਾਰ ਸਿਹਤ ਕਰਮਚਾਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ, ਉਪਾਅ ਸੁਝਾਉਣ ਦੇ ਮਕਸਦ ਨਾਲ ਇੱਕ ਕਮੇਟੀ ਦਾ ਗਠਨ ਕਰੇਗੀ । ਸਰਕਾਰ ਨੇ ਇਹ ਫੈਸਲਾ ਰੈਜ਼ੀਡੈਂਟ ਡਾਕਟਰਜ਼

ਐਸੋਸੀਏਸ਼ਨ, ਇੰਡੀਅਨ ਮੈਡੀਕਲ ਐਸੋਸੀਏਸ਼ਨ ਅਤੇ ਸਿਹਤ ਨਾਲ ਸਬੰਧਤ ਹੋਰ ਧਿਰਾਂ ਦੀਆਂ ਚਿੰਤਾਵਾਂ ਤੋਂ ਬਾਅਦ ਲਿਆ ਏ ।

---------------------------------------------------------------

ਏਧਰ ਪੰਜਾਬ ਵਿਚ ਵੀ ਕਲਕੱਤਾ ਵਿਖੇ ਹੋਏ ਆਰ.ਜੀ.ਕਰ ਮੈਡੀਕਲ ਕਾਲਜ ਮਾਮਲੇ ਦੇ ਰੋਸ ਵਜੋਂ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਵਲੋਂ ਡੀ.ਸੀ. ਦਫ਼ਤਰ ਫਤਹਿਗੜ੍ਹ ਸਾਹਿਬ ਵਿਖੇ ਆ ਰੋਸ ਪ੍ਰਦਰਸ਼ਨ ਕੀਤਾ ਗਿਆ । ਇਸ ਮੌਕੇ ਯੂਨੀਅਨ ਜਰਨਲ ਸਕੱਤਰ ਕੁਲਵੀਰ ਸਿੰਘ ਨੇ ਕਿਹਾ ਕਿ ਸਭ ਤੋਂ ਦੁੱਖਦਾਈ ਹਕੀਕਤ ਇਹ ਏ ਕਿ ਇਕ ਹਫਤਾ ਬੀਤ ਜਾਣ ਦੇ ਬਾਵਜੂਦ ਵੀ ਜਾਂਚ ਵਿਚ ਕੋਈ ਭਰੋਸੇਯੋਗ ਸਫਲਤਾ ਨਹੀਂ ਮਿਲੀ । ਜਥੇਬੰਦੀ ਵੱਲੋਂ ਮੰਗ ਕੀਤੀ ਗਈ ਕਿ ਔਰਤਾਂ ਦੀ ਹਰ ਅਦਾਰੇ ਵਿਚ ਸੁਰੱਖਿਆ ਯਕੀਨੀ ਬਣਾਈ ਜਾਵੇ, ਹਸਪਤਾਲਾਂ ਵਿੱਚ ਸੁਰੱਖਿਆ ਲਈ ਲੋੜੀਦੇ ਕਦਮ ਚੁੱਕੇ ਜਾਣ। ਕਲਕੱਤਾ ਵਿਚ ਮਹਿਲਾ ਡਾਕਟਰ ਨਾਲ ਜਬਰ-ਜਨਾਹ ਅਤੇ ਹੱਤਿਆ ਕਰਨ ਵਾਲੇ ਦੋਸ਼ੀਆਂ ਨੂੰ ਫਾਂਸੀ ਦੀ ਸਜਾ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਕਲਕੱਤੇ ਦੇ ਹਸਪਤਾਲ ਵਿਚ ਸਿਖਿਆਰਥੀ ਮਹਿਲਾ ਡਾਕਟਰ ਨਾਲ ਜਬਰ-ਜਨਾਹ

ਕਰਨ ਅਤੇ ਹੱਤਿਆ ਕਰਨ ਵਾਲੀ ਇਹ ਘਟਨਾ ਰੂਹ ਕੰਬਣਾਉਣ ਵਾਲੀ ਏ।

---------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ  ਕਿ ਨਾਗਰਿਕਤਾ ਸੋਧ ਕਾਨੂੰਨ- ਸੀ.ਏ.ਏ, ਕਿਸੇ ਵੀ ਧਰਮ ਦੇ ਵਿਅਕਤੀ ਦੀ ਨਾਗਰਿਕਤਾ ਨੂੰ ਖਤਮ ਨਹੀਂ ਕਰਦਾ, ਸਗੋਂ ਇਹ ਨਾਗਰਿਕਤਾ ਦੇ ਨਾਲ-ਨਾਲ ਭਾਰਤ ਵਿੱਚ ਸ਼ਰਨਾਰਥੀਆਂ ਨੂੰ ਸਨਮਾਨ ਅਤੇ ਨਿਆਂ ਦਿੰਦਾ ਏ। ਅਮਿਤ ਸ਼ਾਹ ਅੱਜ ਅਹਿਮਦਾਬਾਦ ਵਿੱਚ 188 ਸ਼ਰਨਾਰਥੀਆਂ ਨੂੰ ਨਾਗਰਿਕਤਾ ਸਰਟੀਫਿਕੇਟ ਦੇਣ ਤੋਂ ਬਾਅਦ ਇੱਕ ਸਮਾਗਮ ਨੂੰ ਸੰਬੋਧਨ ਕਰ ਰਹੇ ਸਨ। ਅਮਿਤ ਸ਼ਾਹ ਨੇ ਦੇਸ਼ ਭਰ ਵਿੱਚ CAA ਨੂੰ ਲਾਗੂ ਕਰਨ ਲਈ ਮੋਦੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਹਾਲ ਹੀ ਵਿੱਚ ਸਮਾਪਤ ਹੋਈਆਂ ਪੈਰਿਸ ਓਲੰਪਿਕ ਵਿੱਚ ਕਾਂਸੀ ਦਾ ਤਗ਼ਮਾ ਜਿੱਤਣ ਵਾਲੀ, ਭਾਰਤੀ ਹਾਕੀ ਟੀਮ ਦੇ ਮੈਂਬਰ ਰਹੇ ਪੰਜਾਬੀ ਖਿਡਾਰੀਆਂ ਨੂੰ ਇਕ-ਇਕ ਕਰੋੜ ਰੁਪਏ ਦੇ ਨਕਦ ਇਨਾਮ ਅਤੇ ਓਲੰਪਿਕ ਖੇਡਾਂ ਵਿੱਚ ਭਾਗ ਲੈਣ ਵਾਲੇ 11 ਹੋਰ ਖਿਡਾਰੀਆਂ ਨੂੰ 15-15 ਲੱਖ ਰੁਪਏ ਦੇ ਚੈੱਕ

ਦੇਕੇ ਸਨਮਾਨਿਤ ਕੀਤਾ । ਚੰਡੀਗੜ੍ਹ ਵਿਖੇ ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਇਹ ਇਕ ਇਤਿਹਾਸਕ ਮੌਕਾ ਏ ਜਦੋਂ ਸੂਬੇ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਹਾਕੀ ਖਿਡਾਰੀਆਂ ਦੀ ਇਹ ਸ਼ਾਨਦਾਰ ਜਿੱਤ, ਪੂਰੇ ਦੇਸ਼ ਲਈ ਬਹੁਤ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਏ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਟੀਮ ਦੀ ਇਹ ਲੀਡਰਸ਼ਿਪ ਤੇ ਕਾਬਲੀਅਤ ਬੇਮਿਸਾਲ ਸੀ, ਜਿਸ ਕਾਰਨ ਟੀਮ ਨੇ ਪੈਰਿਸ ਓਲੰਪਿਕ ਵਿੱਚ ਕਾਂਸੀ ਦਾ ਤਗ਼ਮਾ ਜਿੱਤਿਆ। ਮੁੱਖ ਮੰਤਰੀ ਨੇ ਕਿਹਾ ਕਿ ਇਕੱਲੇ ਹਰਮਨਪ੍ਰੀਤ ਨੇ, ਓਲੰਪਿਕ ਵਿੱਚ 10 ਗੋਲ ਕੀਤੇ। ਅੱਜ ਪੂਰਾ ਦੇਸ਼ ਇਨ੍ਹਾਂ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦੇ ਰਿਹਾ ਏ । ਉਨ੍ਹਾਂ ਦਸਿਆ ਕਿ ਨਵੰਬਰ ਮਹੀਨੇ ਵਿੱਚ ਹਾਕੀ ਦੀਆਂ ਚਾਰ ਵਿਸ਼ਵ ਪੱਧਰੀ ਟੀਮਾਂ ਵਿਚਕਾਰ, ਲੀਗ ਟੂਰਨਾਮੈਂਟ ਕਰਵਾਉਣ ਲਈ ਵਿਚਾਰ ਕੀਤੀ ਜਾ ਰਹੀ ਏ । ਉਨ੍ਹਾਂ ਕਿਹਾ ਕਿ ‘ਖੇਡਾਂ ਵਤਨ ਪੰਜਾਬ ਦੀਆਂ’ ਦਾ ਤੀਜਾ ਐਡੀਸ਼ਨ 28 ਅਗਸਤ ਤੋਂ ਸ਼ੁਰੂ ਹੋਵੇਗਾ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਮਾਹਿਲਪੁਰ ਖੇਤਰ ਵਿੱਚ ਫੁੱਟਬਾਲ, ਸੰਗਰੂਰ ਵਿੱਚ ਬਾਕਸਿੰਗ, ਜਲੰਧਰ ਵਿੱਚ ਹਾਕੀ, ਲੁਧਿਆਣਾ ਵਿੱਚ ਅਥਲੈਟਿਕਸ ਅਤੇ ਹੋਰ ਖੇਡ ਕਲੱਸਟਰਾਂ ਦਾ ਵਿਕਾਸ ਕੀਤਾ ਜਾਵੇਗਾ । ਉਨ੍ਹਾਂ ਕਿਹਾ ਕਿ ਇਨ੍ਹਾਂ ਖਿਡਾਰੀਆਂ ਨੂੰ ਨਸ਼ਿਆਂ ਦੀ ਅਲਾਮਤ ਖਿਲਾਫ, ਸੂਬੇ ਦੀ ਮੁਹਿੰਮ

ਲਈ ਬ੍ਰਾਂਡ ਅੰਬੈਸਡਰ ਬਣਾਇਆ ਜਾਵੇਗਾ ਤਾਂ ਕਿ ਸਾਡੇ ਨੌਜਵਾਨਾਂ ਨੂੰ ਪ੍ਰੇਰਨਾ ਮਿਲ ਸਕੇ। ਇਸ ਮੌਕੇ ਭਾਰਤੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਨੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਮੁੱਖ ਮੰਤਰੀ ਦੀ ਸ਼ਲਾਘਾ ਕੀਤੀ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰੱਖੜੀ ਦੇ ਤਿਓਹਾਰ ਦੀ ਪੂਰਵ ਸੰਧਿਆ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ । ਆਪਣੇ ਸੰਦੇਸ਼ ਵਿੱਚ, ਰਾਸ਼ਟਰਪਤੀ ਨੇ ਕਿਹਾ, ਰੱਖੜੀ ਦਾ ਤਿਓਹਾਰ ਭੈਣਾਂ-ਭਰਾਵਾਂ ਵਿਚਕਾਰ ਵਿਲੱਖਣ ਰਿਸ਼ਤੇ ਦਾ ਤਿਉਹਾਰ ਏ, ਜੋ ਪਿਆਰ ਅਤੇ ਆਪਸੀ ਵਿਸ਼ਵਾਸ ਦੀਆਂ ਭਾਵਨਾਵਾਂ ਨੂੰ ਮਜ਼ਬੂਤ ਕਰਦਾ ਏ। ਰਾਸ਼ਟਰਪਤੀ ਨੇ ਕਿਹਾ, ਇਹ ਤਿਉਹਾਰ ਦੇਸ਼ ਦੀ ਅਨੇਕਤਾ ਵਿੱਚ ਏਕਤਾ ਦਾ ਪ੍ਰਤੀਕ ਬਣਾਉਣ ਲਈ ਧਾਰਮਿਕ ਅਤੇ ਸੱਭਿਆਚਾਰਕ ਸੀਮਾਵਾਂ ਤੋਂ ਪਾਰ ਜਾਂਦਾ ਏ। ਰਾਸ਼ਟਰਪਤੀ ਨੇ ਕਿਹਾ, ਇਹ ਤਿਉਹਾਰ ਔਰਤਾਂ ਦੇ ਅਧਿਕਾਰਾਂ ਦੀ ਰੱਖਿਆ ਲਈ ਸਾਡੇ ਸੰਕਲਪ ਨੂੰ ਮਜ਼ਬੂਤ ਕਰਦਾ ਏ।

---------------------------------------------------

ਪੰਜਾਬ ਵਿੱਚ ਇਸ ਸਾਉਣੀ ਸੀਜ਼ਨ ਦੌਰਾਨ, ਬਾਸਮਤੀ ਦੀ ਕਾਸ਼ਤ ਅਧੀਨ ਰਕਬੇ ਵਿੱਚ 12.58 ਫ਼ੀਸਦੀ ਵਾਧਾ ਦਰਜ ਕੀਤਾ ਗਿਆ

ਏ, ਜਿਸ ਨਾਲ ਸੂਬੇ ਵਿੱਚ ਫ਼ਸਲੀ ਵਿਭਿੰਨਤਾ ਮੁਹਿੰਮ ਨੂੰ ਵੱਡਾ ਉਤਸ਼ਾਹ ਮਿਲਿਆ ਏ। ਅੱਜ ਚੰਡੀਗੜ੍ਹ ਵਿਚ, ਇਹ ਜਾਣਕਾਰੀ ਦਿੰਦਿਆਂ, ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਸਾਲ 6.71 ਲੱਖ ਹੈਕਟੇਅਰ ਰਕਬਾ ਬਾਸਮਤੀ ਦੀ ਕਾਸ਼ਤ ਅਧੀਨ ਏ, ਜੋ ਕਿ ਸਾਉਣੀ ਸੀਜ਼ਨ 2023-24 ਦੌਰਾਨ 5.96 ਲੱਖ ਹੈਕਟੇਅਰ ਸੀ। ਤਰਨ ਤਾਰਨ ਵਿੱਚ 72.5 ਹਜ਼ਾਰ ਹੈਕਟੇਅਰ ਅਤੇ ਸੰਗਰੂਰ ਜ਼ਿਲ੍ਹੇ ਵਿੱਚ 49.8 ਹਜ਼ਾਰ ਹੈਕਟੇਅਰ ਨਾਲ ਸਭ ਤੋਂ ਵੱਧ ਰਕਬੇ ਵਿੱਚ ਬਾਸਮਤੀ ਲਾਈ ਗਈ ਏ। ਬਾਸਮਤੀ ਬਾਰੇ ਜ਼ਿਲ੍ਹੇਵਾਰ ਜਾਣਕਾਰੀ ਸਾਂਝੀ ਕਰਦਿਆਂ, ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਜ਼ਿਲ੍ਹਾ ਇਕ ਲੱਖ 46 ਹਜ਼ਾਰ ਹੈਕਟੇਅਰ ਰਕਬੇ ਵਿੱਚ ਬਾਸਮਤੀ ਦੀ ਕਾਸ਼ਤ ਨਾਲ ਸੂਬੇ ਭਰ ਵਿੱਚੋਂ ਮੋਹਰੀ ਰਿਹੈ। ਜ਼ਿਕਰਯੋਗ ਏ ਕਿ ਪਿਛਲੇ ਸਾਲ ਦੇ ਮੁਕਾਬਲੇ ਇਸ ਵਾਰ ਝੋਨੇ ਦੀ ਸਿੱਧੀ ਬਿਜਾਈ ਅਧੀਨ ਰਕਬੇ ਵਿੱਚ ਵੀ 46.5 ਫ਼ੀਸਦ ਵਾਧਾ ਦਰਜ ਕੀਤਾ ਗਿਆ ਏ। ਪਾਣੀ ਦੀ ਬਚਤ ਲਈ ਇਸ ਸਾਲ ਸੂਬੇ ਭਰ ਵਿੱਚ 2.52 ਲੱਖ ਏਕੜ ਵਿੱਚ ਝੋਨੇ ਦੀ ਸਿੱਧੀ ਬਿਜਾਈ ਕੀਤੀ ਗਈ ਏ, ਜੋ ਸਾਲ 2023 ਦੇ ਸਾਉਣੀ ਸੀਜ਼ਨ ਦੌਰਾਨ ਇਕ ਲੱਖ 72 ਹਜ਼ਾਰ ਏਕੜ ਸੀ। ਸੂਬਾ ਸਰਕਾਰ ਨੇ, ਬਾਸਮਤੀ 'ਤੇ 10 ਕੀਟਨਾਸ਼ਕਾਂ ਦੀ ਵਰਤੋਂ 'ਤੇ ਪਾਬੰਦੀ ਲਗਾਈ

ਏ, ਤਾਂ ਜੋ ਪੰਜਾਬ ਦੀ ਬਾਸਮਤੀ ਦੀ ਗੁਣਵੱਤਾ ਨੂੰ ਵਿਸ਼ਵ ਪੱਧਰੀ ਬਣਾਉਂਦੇ ਹੋਏ ,ਇਸ ਦੇ ਬਰਾਮਦ ਨੂੰ ਵਧਾ ਕੇ ਕਿਸਾਨਾਂ ਦੀ ਆਮਦਨ ਹੋਰ ਵਧਾਈ ਜਾ ਸਕੇ ।

---------------------------------------------------------

ਮਾਲ ਅਧਿਕਾਰੀਆਂ ਵੱਲੋਂ 19 ਅਗਸਤ ਸੋਮਵਾਰ ਤੋਂ ਕੀਤੀ ਜਾਣ ਵਾਲੀ ਹੜਤਾਲ ਵਾਪਿਸ ਲੈ ਲਈ ਗਈ ਏ । ਚੰਡੀਗੜ੍ਹ ਵਿੱਚ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੀ ਮਾਲ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਅਤੇ ਮਾਲ ਵਿੱਤ ਕਮਿਸ਼ਨਰ ਕੇ.ਏ.ਪੀ. ਸਿਨਹਾ ਨਾਲ ਹੋਈ ਮੀਟਿੰਗ ਤੋਂ ਬਾਅਦ, ਹੜਤਾਲ ਵਾਪਿਸ ਲਈ ਗਈ । ਉਨ੍ਹਾਂ ਅਹੁਦੇਦਾਰਾਂ ਨੂੰ ਜਾਇਜ਼ ਮੰਗਾਂ ਮੰਨਣ ਦਾ ਦਿੱਤਾ ਭਰੋਸਾ ਏ ।

---------------------------------------------------------

ਅੰਮ੍ਰਿਤਸਰ ਸਥਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਅਤੇ ਗੋਪਾਲ ਕਿਰਨ ਸਮਾਜ ਸੇਵੀ ਸੰਸਥਾ ਗਵਾਲੀਅਰ ਦੇ ਹਿੰਦੀ-ਵਿਭਾਗ ਦੇ ਸਾਂਝੇ ਸਹਿਯੋਗ ਨਾਲ, ਐਸੋਸੀਏਸ਼ਨ ਆਫ ਮਿਊਚਲ ਫੰਡ ਇਨ ਇੰਡੀਆ ਦੇ ਸਹਿਯੋਗ ਨਾਲ, ਕੌਮਾਂਤਰੀ ਸੈਮੀਨਾਰ ਅਤੇ ਸਨਮਾਨ ਸਮਾਗਮ ਕਰਵਾਇਆ ਗਿਆ । ਇਸ ਸੈਮੀਨਾਰ ਦਾ ਵਿਸ਼ਾ, ਵਿੱਤੀ ਸਸ਼ਕਤੀਕਰਨ ਹੀ ਖੁਸ਼ਹਾਲੀ ਦਾ ਆਧਾਰ ਰੱਖਿਆ ਗਿਆ। ਭਾਸ਼ਾ ਵਿਭਾਗ ਦੇ

ਡੀਨ, ਫੈਕਲਟੀ ਅਤੇ ਹਿੰਦੀ ਵਿਭਾਗ ਦੇ ਚੇਅਰਮੈਨ ਪ੍ਰੋਫੈਸਰ ਸੁਨੀਲ ਕੁਮਾਰ ਨੇ, ਵਿਸ਼ੇ ਦੀ ਜਾਣ-ਪਛਾਣ ਕਰਾਉਂਦੇ ਹੋਏ ਸੈਮੀਨਾਰ ਦੇ ਉਦੇਸ਼ ਅਤੇ ਲੋੜ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਸਿੱਖਿਆ ਅਤੇ ਖੋਜ ਸਮੇਤ ਵੱਖ-ਵੱਖ ਖੇਤਰਾਂ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਬਾਰੇ ਭਾਗੀਦਾਰਾਂ ਨੂੰ ਜਾਣਕਾਰੀ ਦਿੱਤੀ। ਸੈਮੀਨਾਰ ਦੇ ਉਦਘਾਟਨੀ ਸੈਸ਼ਨ ਦੀ ਪ੍ਰਧਾਨਗੀ, ਕੇਂਦਰੀ ਯੂਨੀਵਰਸਿਟੀ ਹਿਮਾਚਲ ਪ੍ਰਦੇਸ਼ ਦੇ ਚਾਂਸਲਰ ਪਦਮਸ੍ਰੀ , ਹਰ-ਮਹਿੰਦਰ ਸਿੰਘ ਬੇਦੀ ਨੇ ਕੀਤੀ।